# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ : 21-09-2024**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਹਲਵਾਰਾ ਹਵਾਈ ਅੱਡੇ ਦਾ ਨਾਂ, ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਂ 'ਤੇ ਰੱਖਣ ਦੀ ਮੰਗ ਨੂੰ ਦੁਹਰਾਇਆ ਏ । ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮ-ਮੋਹਨ ਨਾਇਡੂ ਨੂੰ ਲਿਖੇ ਪੱਤਰ ਵਿੱਚ ਮੁੱਖ ਮੰਤਰੀ ਨੇ ਯਾਦ ਕਰਵਾਇਆ ਕਿ ਪੰਜਾਬ ਵਿਧਾਨ ਸਭਾ ਨੇ, 22 ਮਾਰਚ, 2023 ਨੂੰ ਸਰਬ-ਸੰਮਤੀ ਨਾਲ ਅਧਿਕਾਰਤ ਮਤਾ ਪਾਸ ਕੀਤਾ ਸੀ, ਜਿਸ ਵਿੱਚ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੂੰ ਜ਼ਿਲਾ ਲੁਧਿਆਣਾ ਦੇ ਭਾਰਤੀ ਹਵਾਈ ਫੌਜ ਸਟੇਸ਼ਨ ਹਲਵਾਰਾ, ਵਿਖੇ ਬਣਾਏ ਜਾਣ ਵਾਲੇ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਾਂ "ਸ਼ਹੀਦ ਕਰਤਾਰ ਸਿੰਘ ਸਰਾਭਾ ਅੰਤਰਰਾਸ਼ਟਰੀ ਹਵਾਈ ਅੱਡਾ" ਰੱਖਣ ਦੀ ਅਪੀਲ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਇਸ ਹਵਾਈ ਅੱਡੇ ਦੀ ਅੰਤਰਿਮ ਟਰਮੀਨਲ ਇਮਾਰਤ, ਇਸ ਮਹੀਨੇ ਦੇ ਅੰਤ ਤੱਕ

ਬਣ ਕੇ ਤਿਆਰ ਹੋਣ ਦੀ ਸੰਭਾਵਨਾ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸਾਲ ਦੇ ਅੰਤ ਤੱਕ ਇਸ ਹਵਾਈ ਅੱਡੇ ਤੋਂ ਉਡਾਣਾਂ ਸ਼ੁਰੂ ਹੋਣ ਦੀ ਉਮੀਦ ਏ ਅਤੇ ਉਨ੍ਹਾਂ ਨੇ ਇਸ ਸਬੰਧੀ ਪਿਛਲੇ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਨੂੰ ਵੀ ਬੇਨਤੀ ਕੀਤੀ ਸੀ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਨਿੱਜੀ ਤੌਰ 'ਤੇ ਇਹ ਮਾਮਲਾ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਕੋਲ ਉਠਾਇਆ ਹੈ ਕਿਉਂਕਿ ਇਹ ਮੁੱਦਾ ਪੰਜਾਬੀਆਂ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਏ। ਉਨ੍ਹਾਂ ਕਿਹਾ ਕਿ ਇਨ੍ਹਾਂ ਸੰਸਥਾਵਾਂ ਦਾ ਨਾਂ ਮਹਾਨ ਕੌਮੀ ਆਗੂਆਂ ਦੇ ਨਾਂ 'ਤੇ ਰੱਖਣਾ, ਸਾਡੇ ਨੌਜਵਾਨਾਂ ਨੂੰ ਦੇਸ਼ ਪ੍ਰਤੀ ਨਿਰਸਵਾਰਥ ਸੇਵਾ ਲਈ ਪ੍ਰੇਰਿਤ ਕਰੇਗਾ।

---------------------------------------------------------------

ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ. ਖਣਨ ਤੇ ਭੂ-ਵਿਗਿਆਨ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸਰਕਾਰੀ ਤੇ ਪ੍ਰਾਈਵੇਟ ਕੰਪਨੀਆਂ ਨੂੰ, ਸੂਬੇ ਵਿੱਚ ਰੇਤ, ਬਜਰੀ ਤੇ ਗਟਕਾ ਖਣਿਜਾਂ ਤੋਂ ਹਟ ਕੇ ਹੋਰਨਾਂ ਕੀਮਤੀ ਖਣਿਜ ਪਦਾਰਥਾਂ ਦੀ ਖੋਜ ਵੱਲ ਉਚੇਚਾ ਧਿਆਨ ਦੇਣ ਦਾ ਸੱਦਾ ਦਿੱਤਾ ਏ। ਵਿਭਾਗ ਵੱਲੋਂ

ਕੌਮੀ ਖਣਿਜ ਖੋਜ ਟਰੱਸਟ ਦੇ ਸਹਿਯੋਗ ਨਾਲ "ਖਣਿਜਾਂ ਦੀ ਖੋਜ" ਵਿਸ਼ੇ 'ਤੇ ਚੰਡੀਗੜ੍ਹ ਕਰਵਾਈ ਗਈ ਵਰਕਸ਼ਾਪ ਦੌਰਾਨ, ਕੈਬਨਿਟ ਮੰਤਰੀ ਨੇ ਹਾਲ ਹੀ ਵਿੱਚ ਕੀਤੀਆਂ ਖੋਜਾਂ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਖੇਤਰ ਵਿੱਚ ਹੋਰ ਖਣਿਜਾਂ ਦੀ ਪ੍ਰਾਪਤੀ ਸਬੰਧੀ ਸੰਭਾਵਨਾ 'ਤੇ ਜ਼ੋਰ ਦਿੱਤਾ। ਪੰਜਾਬ ਸਰਕਾਰ ਦੇ ਭੂ-ਵਿਗਿਆਨੀਆਂ ਵੱਲੋਂ ਜੁਲਾਈ 2022 ਵਿੱਚ ਸੌਂਪੀ ਗਈ ਰਿਪੋਰਟ ਦਾ ਹਵਾਲਾ ਦਿੰਦਿਆਂ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਵਿਗਿਆਨੀਆਂ ਵੱਲੋਂ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਕਬਰਵਾਲਾ ਵਿਖੇ 6 ਮਿਲੀਅਨ ਟਨ ਪੋਟਾਸ਼ੀਅਮ ਦੀ ਖੋਜ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਪੋਟਾਸ਼ੀਅਮ ਦੀ ਜ਼ਿਆਦਾਤਰ ਵਰਤੋਂ ਖਾਦਾਂ ਲਈ ਹੁੰਦੀ ਏ  ਅਤੇ ਦੇਸ਼ ਵਿੱਚ 99 ਫ਼ੀਸਦੀ ਪੋਟਾਸ਼ ਦੀ ਦਰਾਮਦਗੀ ਹੁੰਦੀ ਏ । ਉਨ੍ਹਾਂ ਕਿਹਾ ਕਿ ਇਸ ਖੇਤਰ ਵਿੱਚ ਹੋਈਆਂ ਖੋਜਾਂ ਮੁਤਾਬਕ ਪੰਜਾਬ ਦੇਸ਼ ਦਾ ਚੌਥਾ ਅਜਿਹਾ ਸੂਬਾ ਏ , ਜਿੱਥੇ ਪੋਟਾਸ਼ੀਅਮ ਮਿਲਿਆ ਏ । ਉਨ੍ਹਾਂ ਕਿਹਾ ਕਿ ਸਰਕਾਰ ਇਸ ਖੇਤਰ ਵਿੱਚ ਨਵੀਆਂ ਖੋਜਾਂ ਨੂੰ ਵੀ ਉਤਸ਼ਾਹਿਤ ਕਰ ਰਹੀ ਏ । ਕੈਬਨਿਟ ਮੰਤਰੀ ਨੇ ਵਿਭਾਗ ਦੇ ਅਧਿਕਾਰੀਆਂ ਨੂੰ, ਭਾਰਤ ਸਰਕਾਰ ਦੇ ਖਣਨ ਮੰਤਰਾਲੇ ਨਾਲ ਨਿਰੰਤਰ ਰਾਬਤਾ ਰੱਖਣ

ਲਈ ਵੀ ਕਿਹਾ ਤਾਂ ਜੋ ਖੋਜ ਕਾਰਜਾਂ ਵਿੱਚ ਕਿਸੇ ਤਰ੍ਹਾਂ ਦੀ ਖੜੋਤ ਨਾ ਆਵੇ |

---------------------------------------------------------

ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਸੂਬੇ ਵਿੱਚ ਆਯੁਸ਼ਮਾਨ ਭਾਰਤ ਯੋਜਨਾ ਦੇ ਲਾਭਪਾਤਰੀਆਂ ਪ੍ਰਤੀ ਬੇਰੁਖ਼ੀ ਵਾਲੇ ਵਤੀਰੇ ਦੀ ਨਿੰਦਾ ਕੀਤੀ ਏ । ਇੱਕ ਖ਼ਬਰ ਦਾ ਹਵਾਲਾ ਦਿੰਦਿਆਂ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਪੰਜਾਬ ਸਰਕਾਰ 'ਤੇ ਇਸ ਯੋਜਨਾ ਤਹਿਤ ਲਏ ਗਏ ਵੱਖ-ਵੱਖ ਇਲਾਜਾਂ ਲਈ 600 ਕਰੋੜ ਰੁਪਏ ਤੋਂ ਵੱਧ ਦਾ ਬਕਾਇਆ ਏ । ਯੋਜਨਾ ਦੇ ਅਨੁਸਾਰ, ਹਰੇਕ ਕੇਸ ਲਈ ਭੁਗਤਾਨ ਮਰੀਜ਼ ਨੂੰ ਛੁੱਟੀ ਦੇਣ ਦੇ 15 ਦਿਨਾਂ ਦੇ ਅੰਦਰ ਪੂਰਾ ਕੀਤਾ ਜਾਣਾ ਚਾਹੀਦਾ ਏ । ਹਾਲਾਂਕਿ, ਸਰਕਾਰ ਮਹੀਨਿਆਂ ਬਾਅਦ ਵੀ ਬਕਾਏ ਦਾ ਭੁਗਤਾਨ ਕਰਨ ਵਿੱਚ ਅਸਫਲ ਰਹੀ ਏ । ਉਨ੍ਹਾਂ ਕਿਹਾ ਕਿ ਸਰਕਾਰ ਦੇ ਅਜਿਹੇ ਉਦਾਸੀਨ ਰਵੱਈਏ ਕਾਰਨ ਵੱਖ-ਵੱਖ ਵਰਗਾਂ ਨਾਲ ਸਬੰਧਿਤ

ਪੰਜਾਬ ਦੇ ਵਸਨੀਕ, ਖ਼ਾਸ ਕਰ ਕੇ ਗ਼ਰੀਬ ਤਬਕੇ ਨੂੰ ਇਸ ਦਾ ਸਾਹਮਣਾ ਕਰਨਾ ਪੈ ਰਿਹਾ ਏ ।

-----------------------------------------------------------

ਜਲੰਧਰ ਸਥਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੀ ਸਰਪ੍ਰਸਤੀ ਹੇਠ, ਐਨ.ਸੀ.ਸੀ ਦੀਆਂ 10 ਪਲਟੂਨਾਂ ਵਿੱਚ, ਅੰਤਰ ਪਲਟੂਨ ਮੁਕਾਬਲੇ- ਸੰਗਰਾਮ 2024 ਕੱਲ ਸ਼ੁਰੂ ਹੋਏ, ਜਿਸਦਾ ਉਦਘਾਟਨ, ਐਨ.ਸੀ.ਸੀ ਜਲੰਧਰ ਗਰੁੱਪ ਦੇ ਕਮਾਂਡਰ ਬ੍ਰਿਗੇਡੀਅਰ ਅਜੇ ਤਿਵਾੜੀ ਨੇ ਕੀਤਾ । ਡਰਿੱਲ, ਖੇਡਾਂ, ਸੱਭਿਆਚਾਰਕ ਮੁਕਾਬਲੇ, ਵਾਦ-ਵਿਵਾਦ ਅਤੇ ਭਾਸ਼ਣ ਚਾਰ ਦਿਨ ਜਾਰੀ ਰਹਿਣਗੇ। ਬ੍ਰਿਗੇਡੀਅਰ ਅਜੇ ਤਿਵਾੜੀ ਨੇ ਗਾਰਡ ਆਫ਼ ਆਨਰ ਦੀ ਟੁਕੜੀ ਤੋਂ ਸਲਾਮੀ ਲਈ । ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਅਤੇ ਆਨਰੇਰੀ ਕਰਨਲ ਡਾ. ਰਸ਼ਮੀ ਮਿੱਤਲ ਅਤੇ 2 ਪੰਜਾਬ ਐਨ.ਸੀ.ਸੀ ਬਟਾਲੀਅਨ ਦੇ ਕਮਾਂਡਿੰਗ ਅਫਸਰ ਕਰਨਲ ਵਿਨੋਦ ਜੋਸ਼ੀ ਵੀ ਇਸ ਮੌਕੇ ਮੌਜੂਦ ਰਹੇ । ਬ੍ਰਿਗੇਡੀਅਰ ਅਜੇ ਤਿਵਾੜੀ ਅਤੇ ਡਾ. ਰਸ਼ਮੀ ਮਿੱਤਲ ਨੇ 'ਸੰਗਰਾਮ' ਮੁਕਾਬਲੇ ਦੀ ਟਰਾਫੀ ਦਾ ਉਦਘਾਟਨ ਕੀਤਾ। ਬ੍ਰਿਗੇਡੀਅਰ ਤਿਵਾੜੀ ਨੇ

ਕਿਹਾ ਕਿ ਐਨ.ਸੀ.ਸੀ ਸੰਗਰਾਮ ਮੁਕਾਬਲੇ, ਕੈਡਿਟਾਂ ਦੇ ਹੁਨਰ ਅਤੇ ਸ਼ਖ਼ਸੀਅਤ ਵਿੱਚ ਨਿਖਾਰ ਲਿਆਉਂਦੇ ਨੇ ਅਤੇ ਅਜਿਹੇ ਮੁਕਾਬਲੇ ਹੋਰ ਸੰਸਥਾਵਾਂ ਵਿੱਚ ਵੀ ਕਰਵਾਏ ਜਾਣੇ ਚਾਹੀਦੇ ਨੇ। ਉਨ੍ਹਾਂ ਨੇ ਰਾਸ਼ਟਰੀ ਐਨ.ਸੀ.ਸੀ ਅਤੇ ਹਥਿਆਰਬੰਦ ਬਲਾਂ ਵਿੱਚ ਕੈਡਿਟਾਂ ਨੂੰ ਸਿਖਲਾਈ ਦਿੱਤੀ। ਡਾ. ਰਸ਼ਮੀ ਮਿੱਤਲ ਨੇ ਕਿਹਾ ਕਿ ਇਹ ਐਨ.ਸੀ.ਸੀ. ਅੰਤਰ ਪਲਟੂਨ ਮੁਕਾਬਲੇ ਸੰਗਰਾਮ ਦਾ ਦੂਜਾ ਸਾਲ ਏ ਅਤੇ ਅਜਿਹੇ ਮੁਕਾਬਲੇ ਹੋਰ ਵਿਭਾਗਾਂ ਵਿੱਚ ਸ਼ੁਰੂ ਕੀਤੇ ਗਏ ਨੇ। ਉਨ੍ਹਾਂ ਕੈਡਿਟਾਂ ਨੂੰ ਦ੍ਰਿੜ ਇਰਾਦੇ ਅਤੇ ਇਮਾਨਦਾਰੀ ਨਾਲ ਦੇਸ਼ ਦੇ ਵਿਕਾਸ ਲਈ ਕੰਮ ਕਰਨ ਦਾ ਸੱਦਾ ਦਿੱਤਾ।

---------------------------------------------------------------

BJP ਦੇ ਸੀਨੀਅਰ ਆਗੂ ਅਤੇ ਫਗਵਾੜਾ ਸ਼ਹਿਰ ਦੇ ਸਾਬਕਾ ਮੇਅਰ ਅਰੁਣ ਖੋਸਲਾ ਨੇ ਦੱਸਿਆ ਕਿ ਕੇਂਦਰੀ ਸੜਕ ਆਵਾਜਾਈ ਮੰਤਰੀ ਨਿਤਿਨ ਗਡਕਰੀ ਦੀਆਂ ਹਦਾਇਤਾਂ ਅਨੁਸਾਰ ਕੌਮੀ ਸ਼ਾਹਰਾਹ ਅਥਾਰਟੀ ਵੱਲੋਂ ਫਗਵਾੜਾ ਕੌਮੀ ਸ਼ਾਹਰਾਹ ਤੇ ਲਾਈਟਾਂ ਅਤੇ ਸਰਵਿਸ ਲੇਨ ਤੇ ਮੁਰੰਮਤ ਵੀ ਕੀਤੀ ਜਾ ਰਹੀ ਏ। ਅਰੁਣ ਖੋਸਲਾ ਨੇ ਦੱਸਿਆ ਕਿ

ਹਾਲ ਹੀ ਵਿੱਚ ਉਹ, ਕੇਂਦਰੀ ਮੰਤਰੀ ਨਿਤਿਨ ਗਡਕਰੀ ਨੂੰ ਮਿਲੇ ਅਤੇ ਦਰਪੇਸ਼ ਮੁਸ਼ਕਲਾਂ ਤੋਂ ਜਾਣੂ ਕਰਵਾਇਆ ਸੀ। ਜਿਸ ਤੋਂ ਬਾਅਦ ਉਹਨਾਂ ਨੇ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਅਤੇ ਹੁਣ ਇਹ ਜਰੂਰੀ ਕੰਮ ਕੀਤੇ ਜਾ ਰਹੇ ਨੇ। ਉਨ੍ਹਾਂ ਕਿਹਾ ਕਿ ਬਾਈਪਾਸ ਰੋਡ ਨੂੰ ਹੁਸ਼ਿਆਰਪੁਰ ਨਾਲ ਜੋੜਨ ਵਾਲੀ ਸੜਕ ਨੂੰ ਚਹੁੰ-ਮਾਰਗੀ ਕਰਨ ਦਾ ਕੰਮ ਜਲਦੀ ਹੀ ਸ਼ੁਰੂ ਹੋ ਜਾਵੇਗਾ ਅਤੇ ਫਗਵਾੜਾ ਜੰਕਸ਼ਨ ਰੇਲਵੇ ਸਟੇਸ਼ਨ ਦੇ ਨਵੀਨੀਕਰਨ ਦਾ ਕੰਮ ਵੀ ਜੰਗੀ ਪੱਧਰ ’ਤੇ ਚੱਲ ਰਿਹਾ ਏ।

-------------------------------------------------------

ਬਾਬਾ ਫ਼ਰੀਦ ਆਗਮਨ ਪੁਰਬ ਦੇ ਸ਼ੁਭ ਦਿਹਾੜੇ 'ਤੇ ਸੰਤ ਬਾਬਾ ਫ਼ਰੀਦ ਆਰਟ ਸੁਸਾਇਟੀ ਵੱਲੋਂ ਬਰਜਿੰਦਰ ਕਾਲਜ ਵਿਖੇ ਤਿੰਨ ਰੋਜ਼ਾ ਰਾਸ਼ਟਰੀ ਪੱਧਰੀ ਆਰਟ ਵਰਕਸਾਪ ਅਤੇ ਪੈਂਟਿੰਗ ਪ੍ਰਦਰਸ਼ਨੀ ਦੀ ਸ਼ੁਰੂ ਕੀਤੀ ਗਈ। ਇਸਦਾ ਉਦਘਾਟਨ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕੀਤਾ। ਸੁਸਾਇਟੀ ਦੇ ਪ੍ਰੈੱਸ ਸਕੱਤਰ ਬਲਜੀਤ ਗਰੋਵਰ ਨੇ ਦੱਸਿਆ ਕਿ ਤਿੰਨ ਰੋਜ਼ਾ ਰਾਸ਼ਟਰੀ ਪੱਧਰੀ ਪ੍ਰਦਰਸ਼ਨੀ ਵਿਖੇ ਪੂਰੇ ਦੇਸ਼ ਵਿੱਚੋਂ ਵੱਖ- ਵੱਖ

ਸੂਬਿਆਂ ਤੋਂ ਆਏ ਮਾਹਿਰ ਕਲਾਕਾਰ ਆਪਣੀ ਵਿਲੱਖਣ ਕਲਾ ਦਾ ਹੁੰਨਰ ਦਿਖਾਉਣਗੇ।